# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :23-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿਖੇ, ਇੱਕ ਸਮਾਰੋਹ ਵਿੱਚ ਰਾਸ਼ਟਰੀ ਵਿਗਿਆਨ ਪੁਰਸਕਾਰ-2025 ਪ੍ਰਦਾਨ ਕੀਤੇ।

- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ ।

- ਪੰਜਾਬ ਸਰਕਾਰ ਵਲੋਂ ਵਿਧਵਾ ਅਤੇ ਬੇਆਸਰਾ ਔਰਤਾਂ ਨੂੰ ਹੁਣ ਤੱਕ 895 ਕਰੋੜ ਰੁਪਏ ਤੋਂ ਵੱਧ ਦੀ ਮਦਦ ਦਿੱਤੀ ਗਈ ।

- ਕਾਨੂੰਨ ਤੇ ਵਿਵਸਥਾ ਵਾਰੇ ਵਿਸ਼ੇਸ਼ ਡੀਜੀਪੀ ਨੇ ਫਤਹਿਗੜ੍ਹ ਸਾਹਿਬ ਵਿਖੇ ਸ਼ਹੀਦੀ ਸਭਾ ਦੇ ਮੱਦੇਨਜ਼ਰ  ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ।

- ਮੌਸਮ ਵਿਭਾਗ ਵਲੋਂ ਅੱਜ ਤੋਂ 26 ਦਸੰਬਰ ਤੱਕ ਪੰਜਾਬ ਤੇ ਹਰਿਆਣਾ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦਾ ਓਰੇਂਜ਼ ਅਲਰਟ ਜਾਰੀ।

- ਮਹਿਲਾ ਕ੍ਰਿਕੇਟ ਵਿੱਚ, ਭਾਰਤ ਅਤੇ ਸ੍ਰੀਲੰਕਾ ਦਰਮਿਆਨ, ਪੰਜ ਟਵੈਂਟੀ-ਟਵੈਂਟੀ ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਵਿਸ਼ਾਖਾਪਟਨਮ ਵਿੱਚ ਖੇਡਿਆ ਜਾਵੇਗਾ।

## ***ਹੁਣ ਖਬਰਾਂ ਵਿਸਥਾਰ ਨਾਲ***

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿਖੇ, ਇੱਕ ਸਮਾਰੋਹ ਵਿੱਚ ਰਾਸ਼ਟਰੀ ਵਿਗਿਆਨ ਪੁਰਸਕਾਰ-2025 ਪ੍ਰਦਾਨ ਕੀਤੇ। ਇਹ ਵਿਗਿਆਨ, ਤਕਨਾਲੋਜੀ ਅਤੇ ਨਵੀਨਤਾ ਦੇ ਖੇਤਰ ਵਿੱਚ ਸ਼ਾਨਦਾਰ ਯੋਗਦਾਨ ਲਈ ਦੇਸ਼ ਦਾ ਸਰਬਉੱਚ ਸਨਮਾਨ ਏ। ਇਹ ਪੁਰਸਕਾਰ ਵਿਗਿਆਨ ਰਤਨ, ਵਿਗਿਆਨ ਸ੍ਰੀ, ਵਿਗਿਆਨ

ਯੁਵਾ-ਸ਼ਾਂਤੀ ਸਵਰੂਪ ਭਟਨਾਗਰ ਅਤੇ ਵਿਗਿਆਨ ਟੀਮ ਸਮੇਤ ਚਾਰ ਸ਼੍ਰੇਣੀਆਂ ਅਧੀਨ ਦਿੱਤੇ ਗਏ। ਪਦਮ ਵਿਭੂਸ਼ਣ ਪ੍ਰੋਫੈਸਰ, ਜਯੰਤ ਵਿਸ਼ਨੂੰ ਨਾਰਲੀਕਰ ਨੂੰ ਮਰਨ ਉਪਰੰਤ ਵਿਗਿਆਨ ਰਤਨ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਅੱਠ ਵਿਗਿਆਨੀਆਂ ਨੂੰ ਵਿਗਿਆਨ ਸ਼੍ਰੀ ਪੁਰਸਕਾਰ ਅਤੇ 14 ਨੌਜਵਾਨ ਵਿਗਿਆਨੀਆਂ ਨੂੰ ਵਿਗਿਆਨ ਯੁਵਾ ਸ਼੍ਰੇਣੀ ਅਧੀਨ ਸਨਮਾਨਿਤ ਕੀਤਾ ਗਿਆ, ਜਦੋਂ ਕਿ ਵਿਗਿਆਨ ਟੀਮ ਪੁਰਸਕਾਰ, ਅਰੋਮਾ ਮਿਸ਼ਨ CSIR ਨੂੰ ਦਿੱਤਾ ਗਿਆ। ਰਾਸ਼ਟਰੀ ਵਿਗਿਆਨ ਪੁਰਸਕਾਰ, ਵਿਗਿਆਨ, ਤਕਨਾਲੋਜੀ ਅਤੇ ਕਾਢਾਂ ਦੇ ਖੇਤਰ ਵਿੱਚ ਸ਼ਾਨਦਾਰ ਤੇ ਪ੍ਰੇਰਨਾਦਾਇਕ ਯੋਗਦਾਨ ਨੂੰ ਮਾਨਤਾ ਦੇਣ ਲਈ ਦਿੱਤੇ ਜਾਂਦੇ ਨੇ।

---

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਦੇਸ਼ ਦੇ ਵਿਕਾਸ ਵਿੱਚ ਕਿਸਾਨਾਂ ਦੇ ਯੋਗਦਾਨ ਦੇ ਸਨਮਾਨ ਵਿਚ ਮਨਾਇਆ ਜਾਂਦਾ ਏ। ਦਿਹਾਤੀ ਮੁੱਦਿਆਂ ਦੀ ਡੂੰਘੀ ਸਮਝ ਅਤੇ ਕਿਸਾਨਾਂ ਦੀ ਭਲਾਈ ਲਈ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਜੀ ਦੀ ਜਨਮ ਵਰ੍ਹੇਗੰਢ ਮੌਕੇ ਮਨਾਇਆ ਜਾਂਦਾ ਏ. ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੇ

ਜਨਮਦਿਨ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ  ਉਨ੍ਹਾਂ ਕਿਹਾ ਕਿ ਪੇਂਡੂ ਵਿਕਾਸ, ਸਮਾਜਿਕ ਨਿਆਂ ਅਤੇ ਕਿਸਾਨ ਭਾਈਚਾਰੇ ਦੇ ਸਸ਼ਕਤੀਕਰਨ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਨੇ ਦੇਸ਼ ਦੇ ਜਨਤਕ ਜੀਵਨ 'ਤੇ ਇੱਕ ਅਮਿੱਟ ਛਾਪ ਛੱਡੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਤੇ ਭਾਰਤ ਰਤਨ ਨਾਲ ਸਨਮਾਨਿਤ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਂਟ ਕਰਦਿਆਂ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕਿਹਾ ਕਿ ਚੌਧਰੀ ਚਰਨ ਸਿੰਘ ਨੇ ਆਪਣਾ ਜੀਵਨ ਸਮਾਜ ਦੇ ਪਛੜੇ ਵਰਗਾਂ ਦੀ ਭਲਾਈ ਦੇ ਨਾਲ-ਨਾਲ ਖੇਤੀਬਾੜੀ ਦੀ ਤਰੱਕੀ ਅਤੇ ਕਿਸਾਨਾਂ ਦੀ ਖੁਸ਼ਹਾਲੀ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਇੱਕ ਦੇਸ਼, ਰਾਸ਼ਟਰ ਨਿਰਮਾਣ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ ਯਾਦ ਰੱਖੇਗਾ। ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਸ਼ਰਧਾਂਜਲੀ ਭੇਂਟ ਕੀਤੀ ਏ। ਉਨ੍ਹਾਂ ਕਿਹਾ ਕਿ ਚੌਧਰੀ ਚਰਨ ਸਿੰਘ ਨੇ ਆਪਣਾ ਪੂਰਾ ਜੀਵਨ ਕਿਸਾਨਾਂ ਦੀ ਭਲਾਈ ਲਈ ਸਮਰਪਿਤ ਕੀਤਾ ਅਤੇ ਉਨ੍ਹਾਂ ਦੇ ਵਿਚਾਰ ਇੱਕ ਵਿਕਸਿਤ ਅਤੇ ਆਤਮ-ਨਿਰਭਰ ਦੇਸ਼ ਬਣਾਉਣ ਵਿੱਚ ਹਮੇਸ਼ਾ ਪ੍ਰਸੰਗਿਕ ਰਹਿਣਗੇ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ

ਦਾ ਜੀਵਨ ਖੇਤੀਬਾੜੀ ਪ੍ਰਣਾਲੀ ਦੀ ਤਰੱਕੀ, ਕਿਸਾਨਾਂ ਦੀ ਭਲਾਈ ਅਤੇ ਸਮਾਜ ਸੇਵਾ ਲਈ ਸਮਰਪਿਤ ਸੀ।

---------------------------------------------------------

ਚੁਗਿਰਦਾ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਕੇਂਦਰੀ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ ਏ ਕਿ ਸਾਬਕਾ ਪ੍ਰਧਾਨ ਮੰਤਰੀ ਅਤੇ ਭਾਰਤ ਰਤਨ ਨਾਲ ਨਵਾਜ਼ੇ ਗਏ ਚੌਧਰੀ ਚਰਨ ਸਿੰਘ ਨੇ ਪਿੰਡਾਂ ਅਤੇ ਕਿਸਾਨਾਂ ਦੀ ਰਾਜਨੀਤੀ ਨੂੰ ਦੇਸ਼ ਦੀ ਮੁੱਖ ਧਾਰਾ ਦੀ ਰਾਜਨੀਤੀ ਦੇ ਕੇਂਦਰ ਵਿੱਚ ਰੱਖਿਆ। ਉਨ੍ਹਾਂ ਇਹ ਗੱਲ ਅੱਜ ਨਵੀਂ ਦਿੱਲੀ ਵਿੱਚ ਦਿੱਲੀ ਯੂਨੀਵਰਸਿਟੀ ਦੇ ਅਰਬਿੰਦੋ ਕਾਲਜ ਵਲੋਂ ਕਰਾਈ ਗਈ ਇੱਕ ਅੰਤਰਰਾਸ਼ਟਰੀ ਕਾਨਫਰੰਸ ਦੌਰਾਨ ਕਹੀ । ਸ੍ਰੀ ਯਾਦਵ ਨੇ ਕਿਹਾ ਕਿ ਚੌਧਰੀ ਚਰਨ ਸਿੰਘ ਨੈਤਿਕ, ਭ੍ਰਿਸ਼ਟਾਚਾਰ-ਮੁਕਤ ਰਾਜਨੀਤੀ 'ਤੇ ਚਲਦੇ ਸਨ ।

BYTE

ਇਸ ਦੋ-ਰੋਜ਼ਾ ਕਾਨਫਰੰਸ ਦਾ ਵਿਸ਼ਾ -ਦਿਹਾਤੀ ਭਾਈਚਾਰਿਆਂ ਦਾ ਸ਼ਕਤੀਕਰਨ: ਖੇਤੀਬਾੜੀ ਰਾਜਨੀਤੀ ਅਤੇ ਵਿਕਸਿਤ ਭਾਰਤ ਪ੍ਰਤੀ ਚੌਧਰੀ ਚਰਨ ਸਿੰਘ ਦਾ ਵਿਰਸਾ'' ਰੱਖਿਆ ਗਿਆ ਏ ।

---------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨਕੇਂਦਰ ਫ਼ਰੀਦਕੋਟ ਵਿਖੇ ਕਿਸਾਨ ਦਿਵਸ ਮਨਾਇਆ ਗਿਆ।

ਖੇਤਰੀ ਖੋਜ ਕੇਂਦਰ ਦੇ ਡਾਇਰੈਕਟਰ  ਡਾ. ਕੁਲਦੀਪ ਸਿੰਘ ਨੇ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਪ੍ਰੋਗਰਾਮ ਵਿੱਚ 165 ਕਿਸਾਨਾਂ ਅਤੇ 33 ਕਿਸਾਨ ਬੀਬੀਆਂ ਨੇ ਹਿੱਸਾ ਲਿਆ। ਜਿਲ੍ਹਾ ਪਸਾਰ ਵਿਗਿਆਨੀ ਡਾ ਫਤਿਹਜੀਤ ਸਿੰਘ ਸੇਂਖੋ ਨੇ ਪਰਾਲੀ ਪ੍ਰਬੰਧਨ ਤੋਂ ਬਾਅਦ ਬੀਜੀ ਗਈ ਕਣਕ ਵਿੱਚ ਹੋਣ ਵਾਲੇ ਨਦੀਨਾਂ ਬਾਰੇ ਵਿਸਥਾਰ ਸਹਿਤ ਦੱਸਿਆ । ਇਸੇ ਤਰਾਂ ਹੋਰਨਾਂ ਮਾਹਰਾਂ ਨੇ ਵੀ ਨੁਕਤੇ ਸਾਂਝੇ ਕੀਤੇ ।

---------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਹਾਲ ਹੀ ਵਿੱਚ ਲਾਗੂ ਕੀਤੇ ਗਏ ਵਿਕਾਸ ਭਾਰਤ - ਰੁਜ਼ਗਾਰ ਅਤੇ ਅਜੀਵਿਕਾ ਮਿਸ਼ਨ (ਗ੍ਰਾਮੀਣ) ਐਕਟ ਨੂੰ ਕਿਸਾਨਾਂ ਅਤੇ ਮਜ਼ਦੂਰਾਂ ਦੀ ਭਲਾਈ ਨੂੰ ਅੱਗੇ ਵਧਾਉਣ ਦੇ ਉਦੇਸ਼ ਨਾਲ ਇੱਕ ਇਤਿਹਾਸਕ ਪਹਿਲਕਦਮੀ ਕਰਾਰ ਦਿੱਤਾ ਏ । ਮੰਤਰੀ ਨੇ ਇਹ ਗੱਲ ਰਾਸ਼ਟਰੀ ਕਿਸਾਨ ਦਿਵਸ ਦੇ ਮੌਕੇ 'ਤੇ ਦੇਸ਼ ਭਰ ਦੇ ਕਿਸਾਨਾਂ ਨਾਲ ਆਪਣੀ ਵਰਚੁਅਲ ਗੱਲਬਾਤ ਦੌਰਾਨ ਕਹੀ। ਇਸ ਦੌਰਾਨ, ਸ਼੍ਰੀ ਚੌਹਾਨ ਨੇ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਅਤੇ ਮਜ਼ਦੂਰਾਂ ਦੀ ਭਲਾਈ ਲਈ ਐਕਟ ਵਿੱਚ ਸਖ਼ਤ ਪ੍ਰਬੰਧ ਸ਼ਾਮਲ ਕੀਤੇ ਗਏ ਨੇ ।

BYTE

---------------------------------------------------------------

ਪੰਜਾਬ ਸਰਕਾਰ ਨੇ ਸੂਬੇ ਦੀਆਂ ਔਰਤਾਂ ਨੂੰ ਆਤਮ-ਨਿਰਭਰ ਅਤੇ ਸਸ਼ਕਤ ਬਣਾਉਣ ਲਈ ਵਿਧਵਾ ਅਤੇ ਬੇਆਸਰਾ ਔਰਤਾਂ ਨੂੰ ਹੁਣ ਤੱਕ 895 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਏ । ਸਮਾਜਿਕ ਸੁਰੱਖਿਆ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਚਾਲੂ ਵਿੱਤੀ ਸਾਲ ਦੌਰਾਨ ਹੁਣ ਤੱਕ ਸੂਬੇ ਦੀਆਂ 6 ਲੱਖ 75 ਹਜ਼ਾਰ 857 ਯੋਗ ਲਾਭਪਾਤਰੀ ਔਰਤਾਂ ਨੂੰ ਇਹ ਵਿੱਤੀ ਸਹਾਇਤਾ ਨਿਯਮਿਤ ਤੌਰ ’ਤੇ ਪ੍ਰਦਾਨ ਕੀਤੀ ਜਾ ਰਹੀ ਏ , ਜਿਸ ਨਾਲ ਲੱਖਾਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਮਿਲ ਰਿਹਾ ਏ । ਡਾ. ਬਲਜੀਤ ਕੌਰ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਯੋਜਨਾ ਸਿਰਫ਼ ਵਿੱਤੀ ਮਦਦ ਤੱਕ ਸੀਮਿਤ ਨਹੀਂ, ਸਗੋਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਸਮਾਜਿਕ ਸੁਰੱਖਿਆ, ਆਤਮ-ਸਨਮਾਨ ਅਤੇ ਆਰਥਿਕ ਮਜ਼ਬੂਤੀ ਪ੍ਰਦਾਨ ਕਰਨ ਵੱਲ ਇੱਕ ਮਜ਼ਬੂਤ ਕਦਮ ਹੈ, ਤਾਂ ਜੋ ਉਹ ਆਪਣੇ ਅਤੇ ਆਪਣੇ ਪਰਿਵਾਰਾਂ ਦਾ ਭਵਿੱਖ ਸੁਰੱਖਿਅਤ ਕਰ ਸਕਣ । ਕੈਬਨਿਟ ਮੰਤਰੀ ਨੇ ਕਿਹਾ ਕਿ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਵਿੱਤੀ ਸਹਾਇਤਾ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਇਸ ਮਦ ਅਧੀਨ 1170 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਏ , ਜਿਸ ਦਾ ਲਾਭ ਪਾਰਦਰਸ਼ੀ ਅਤੇ ਸਰਲ ਪ੍ਰਕਿਰਿਆ ਰਾਹੀਂ ਯੋਗ ਲਾਭਪਾਤਰੀਆਂ ਤੱਕ ਪਹੁੰਚਾਇਆ ਜਾ ਰਿਹਾ ਏ ।

-----------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਨੇ ਵਿੱਤੀ ਸਾਲ 2025-26 ਦੌਰਾਨ ਇੱਕ ਵੱਡੀ ਵਿੱਤੀ ਸਫਲਤਾ ਹਾਸਲ ਕੀਤੀ ਏ । ਉਨ੍ਹਾਂ ਕਿਹਾ ਕਿ ਨਵੰਬਰ 2025 ਤੱਕ ਸੂਬੇ ਨੇ ਜੀ.ਐੱਸ.ਟੀ. ਪ੍ਰਾਪਤੀ ਵਿੱਚ 16.03 ਫੀਸਦੀ ਦਾ ਵਾਧਾ ਦਰਜ ਕਰਦਿਆਂ 17 ਹਜ਼ਾਰ 860 ਕਰੋੜ 9 ਲਖ ਰੁਪਏ ਪ੍ਰਾਪਤ ਕੀਤੇ, ਜਦਕਿ ਆਬਕਾਰੀ ਮਾਲੀਆ 7 ਹਜ਼ਾਰ 401 ਕਰੋੜ ਰੁਪਏ ਰਿਹਾ। ਵਿੱਤ ਮੰਤਰੀ ਨੇ  ਦੱਸਿਆ ਕਿ ਆਬਕਾਰੀ ਅਤੇ ਕਰ ਵਿਭਾਗ ਨੇ ਨਾ ਸਿਰਫ਼ ਪੁਰਾਣੇ ਰਿਕਾਰਡ ਤੋੜੇ ਹਨ, ਸਗੋਂ ਯਕਮੁਸ਼ਤ ਨਿਪਟਾਰਾ ਸਕੀਮ-2025 ਅਤੇ ਆਧੁਨਿਕ ਡਾਟਾ ਵਿਸ਼ਲੇਸ਼ਨ ਰਾਹੀਂ ਟੈਕਸ ਚੋਰੀ ਨੂੰ ਰੋਕਣ ਵਿੱਚ ਵੀ ਵੱਡੀ ਸਫਲਤਾ ਹਾਸਲ ਕੀਤੀ ਏ । ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਖੇਤਰਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲੈਂਦਿਆਂ ਦੱਸਿਆ ਕਿ ਜੀ.ਐੱਸ.ਟੀ. ਪ੍ਰਾਪਤੀ ਵਿੱਚ ਪਿਛਲੇ ਸਾਲ ਦੇ ਮੁਕਾਬਲੇ 2 ਹਜ਼ਾਰ 467 ਕਰੋੜ 30 ਲਖ ਰੁਪਏ ਦਾ ਵਾਧਾ ਹੋਇਆ ਏ । ਉਨ੍ਹਾਂ ਕਿਹਾ ਕਿ ਸਤੰਬਰ 2025 ਵਿੱਚ ਜੀ.ਐੱਸ.ਟੀ. ਦਰਾਂ ਵਿੱਚ ਕੀਤੇ ਸੁਧਾਰਾਂ  ਦੇ ਬਾਵਜੂਦ, ਵਿਭਾਗ ਦੀਆਂ ਨੀਤੀਆਂ ਕਾਰਨ ਟੈਕਸ ਪ੍ਰਾਪਤੀ ਸਥਿਰ ਰਹੀ। ਇਸ ਦੇ ਨਾਲ ਹੀ ਵੈਟ ਅਤੇ ਸੀ.ਐੱਸ.ਟੀ. ਪ੍ਰਾਪਤੀ 5

ਹਜ਼ਾਰ 451 ਕਰੋੜ 76 ਲਖ ਰੁਪਏ ਰਹੀ, ਜੋ ਕਿ ਪਿਛਲੇ ਸਾਲ ਨਾਲੋਂ 3.35 ਫੀਸਦੀ ਵੱਧ ਏ ।

---------------------------------------------------

ਪੰਜਾਬ ਪੁਲਿਸ ਦੇ ਕਾਨੂੰਨ ਤੇ ਵਿਵਸਥਾ ਵਾਰੇ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਅੱਜ ਫਤਹਿਗੜ੍ਹ ਸਾਹਿਬ ਵਿਖੇ ਸ਼ਹੀਦੀ ਸਭਾ ਦੇ ਮੱਦੇਨਜ਼ਰ ਜ਼ਿਲ੍ਹਾ ਪੁਲਿਸ ਵੱਲੋਂ ਕੀਤੇ ਗਏ ਵੱਖ-ਵੱਖ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਸ਼ਹੀਦੀ ਸਭਾ ਦੌਰਾਨ ਆਉਣ ਵਾਲੀਆਂ ਸੰਗਤਾਂ ਲਈ ਪੁਲਿਸ ਦੇ ਪੱਧਰ ਤੇ ਹਰ ਸੁਵਿਧਾ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ। ਅਰਪਿਤ ਸ਼ੁਕਲਾ ਨੇ ਕਿਹਾ ਕਿ ਸੰਗਤਾਂ ਲਈ ਸੁਰੱਖਿਆ ਦੇ ਵਿਆਪਕ ਪ੍ਰਬੰਧ ਕੀਤੇ ਗਏ ਨੇ ਅਤੇ ਨੇੜਲੇ ਜ਼ਿਲ੍ਿਆਂ ਤੋਂ ਵੀ ਪੁਲਿਸ ਅਧਿਕਾਰੀ ਤੇ ਮੁਲਾਜ਼ਮ ਸੇਵਾਵਾਂ ਪ੍ਰਦਾਨ ਕਰਨਗੇ ਤੇ ਇਹ ਯਕੀਨੀ ਬਣਾਉਣਗੇ ਕਿ ਸ਼ਰਧਾਲੂਆਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਵਾਹਨਾਂ ਲਈ 22 ਪਾਰਕਿੰਗ ਸਥਾਨਾਂ ਨੂੰ ਨਿਰਧਾਰਤ ਕੀਤਾ ਗਿਆ ਏ ਅਤੇ ਮੁਫ਼ਤ ਬੱਸ ਤੇ ਈ ਰਿਕਸ਼ਾ ਸੁਵਿਧਾ ਵੀ ਸੰਗਤਾਂ ਨੂੰ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਇਸ ਸਾਲ ਪ੍ਰਸ਼ਾਸਨ ਤੇ ਪੁਲਿਸ ਵੱਲੋਂ ਏਕੀਕ੍ਰਿਤ ਕੰਟਰੋਲ ਰੂਮ 24 ਘੰਟੇ ਸੇਵਾਵਾਂ ਪ੍ਰਦਾਨ ਕਰੇਗਾ।

ਵਿਸ਼ੇਸ਼ ਡੀਜੀਪੀ ਨੇ ਦੱਸਿਆ ਕਿ ਡਰੋਨਾਂ ਰਾਹੀਂ ਚੌਕਸੀ ਰੱਖੀ ਜਾਵੇਗੀ ਅਤੇ ਸ਼ਹੀਦੀ ਸਭਾ ਦੇ ਖੇਤਰ ਨੂੰ ਵੱਖ ਵੱਖ ਜ਼ੋਨਾਂ ਵਿੱਚ ਵੰਡ ਕਰਕੇ

ਪੁਲਿਸ ਮੁਸਤੈਦੀ ਨਾਲ ਕਾਰਜਸ਼ੀਲ ਏ ।ਉਨ੍ਹਾਂ ਨੇ ਦੱਸਿਆ ਕਿ ਭੀੜਭਾੜ ਵਾਲੇ ਇਲਾਕਿਆਂ ਵਿੱਚ ਵਧੇਰੇ ਚੌਕਸੀ ਵਰਤੀ ਜਾ ਰਹੀ ਏ ।ਉਨ੍ਹਾਂ ਦੱਸਿਆ ਕਿ ਧੁੰਦ ਦੇ ਮੌਸਮ ਕਾਰਨ ਟਰੈਕਟਰ ਟਰਾਲੀਆਂ ਤੇ ਹੋਰ ਵਾਹਨਾਂ ਪਿੱਛੇ ਰਿਫਲੈਕਟਰ ਲਗਾਏ ਜਾ ਰਹੇ ਨੇ ਤਾਂ ਜੋ ਸੜਕ ਦੁਰਘਟਨਾਵਾਂ ਤੋ਼ ਬਚਾਅ ਰਹੇ।

---------------------------------------------------------------

ਪੰਜਾਬ ਸਰਕਾਰ ਵਲੋਂ ਬਾਬਾ ਬਕਾਲਾ ਸਾਹਿਬ ਵਿਖੇ ਸ਼ਹੀਦ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ) ਦਾ ਰਾਜ ਪੱਧਰੀ ਸਮਾਗਮ ਮਨਾਇਆ ਗਿਆ । ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰੀ ਆਈ.ਟੀ.ਆਈ. ਬਾਬਾ ਬਕਾਲਾ ਸਾਹਿਬ ਦਾ ਨਾਮ ਭਾਈ ਜੈਤਾ ਜੀ ਦੇ ਨਾਂ ਤੇ ਰੱਖਿਆ ਜਾਵੇਗਾ। ਉਨਾਂ ਕਿਹਾ ਕਿ ਸਰਕਾਰ ਵਲੋਂ 21 ਕਰੋੜ ਰੁਪਏ ਦੀ ਲਾਗਤ ਨਾਲ ਭਾਈ ਜੈਤਾ ਜੀ ਦਾ ਸਮਾਰਕ ਉਸਾਰਿਆ ਗਿਆ ਏ ।

---------------------------------------------------------------

ਉੱਤਰੀ ਰੇਲਵੇ ਵਲੋਂ ਸੰਘਣੀ ਧੁੰਦ ਕਾਰਨ ਰੱਦ ਕੀਤੀਆਂ ਕੁਝ ਰੇਲਗੱਡੀਆਂ ਨੂੰ ਯਾਤਰੀਆਂ ਦੀ ਸਹੂਲਤ ਲਈ, 1 ਜਨਵਰੀ ਤੋਂ ਮੁੜ ਚਾਲੂ ਕਰ ਰਿਹਾ ਏ । ਫਿਰੋਜ਼ਪੁਰ ਉੱਤਰੀ ਰੇਲਵੇ ਦੇ ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਦਸਿਆ

ਕਿ ਜਲੰਧਰ ਸ਼ਹਿਰ ਤੋਂ ਫ਼ਿਰੋਜ਼ਪੁਰ ਛਾਉਣੀ, ਫ਼ਿਰੋਜ਼ਪੁਰ ਛਾਉਣੀ ਤੋਂ ਜਲੰਧਰ ਸ਼ਹਿਰ, ਅੰਮ੍ਰਿਤਸਰ ਤੋਂ ਡੇਰਾ ਬਾਬਾ ਨਾਨਕ ਅਤੇ ਡੇਰਾ ਬਾਬਾ ਨਾਨਕ ਤੋਂ ਵੇਰਕਾ ਪਹਿਲੀ ਜਨਵਰੀ ਤੋਂ ਮੁੜ ਚੱਲਣਗੀਆਂ । ਇਹ ਸਾਰੀਆਂ ਰੇਲਗੱਡੀਆਂ ਪਹਿਲਾਂ ਤੋਂ ਨਿਰਧਾਰਤ ਸਮਾਂ-ਸਾਰਣੀ ਅਨੁਸਾਰ ਚੱਲਣਗੀਆਂ। ਯਾਤਰੀ ਆਪਣੀ ਯਾਤਰਾ ਦੌਰਾਨ ਰੇਲਗੱਡੀ ਨਾਲ ਸਬੰਧਤ ਕਿਸੇ ਵੀ ਜਾਣਕਾਰੀ ਲਈ ਰੇਲ ਹੈਲਪਲਾਈਨ ਨੰਬਰ 139 'ਤੇ ਸੰਪਰਕ ਕਰ ਸਕਦੇ ਹਨ। ਯਾਤਰੀ ਇਸ ਨੰਬਰ 'ਤੇ ਐਸਐਮਐਸ ਭੇਜ ਕੇ ਵੀ ਰੇਲਗੱਡੀ ਨਾਲ ਸਬੰਧਤ ਜਾਣਕਾਰੀ ਪ੍ਰਾਪਤ ਕਰ ਸਕਦੇ ਨੇ ।

---------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿੱਚ ਬੀਤੇ ਦਿਨੀ ਸੈਸ਼ਨ 2024–25 ਦੌਰਾਨ 23 ਪੇਟੈਂਟ ਪ੍ਰਾਪਤ ਕਰਨ ਵਾਲੇ ਯੂਨੀਵਰਸਿਟੀ ਦੇ ਪ੍ਰੋਫ਼ੈਸਰਾਂ ਨੂੰ ਸਨਮਾਨਿਤ ਕੀਤਾ ਗਿਆ। ਇਹ ਪੇਟੈਂਟ ਪ੍ਰਸ਼ੰਸਾ ਸਨਮਾਨ ਸਮਾਰੋਹ ਯੂਨੀਵਰਸਿਟੀ ਕੈਂਪਸ ਵਿੱਚ ਸਥਿਤ ਗੁਰੂ ਤੇਗ ਬਹਾਦੁਰ ਭਵਨ ਦੇ ਸੈਮੀਨਾਰ ਹਾਲ ਵਿੱਚ ਆਯੋਜਿਤ ਕੀਤਾ ਗਿਆ । ਪੰਜਾਬ ਯੂਨੀਵਰਸਿਟੀ ਦੀ ਵਾਈਸ ਚਾਂਸਲਰ ਪ੍ਰੋ. ਰੇਨੂੰ ਵਿਗ ਨੇ ਸਾਰੇ ਖੋਜਕਾਰਾਂ ਨੂੰ ਪ੍ਰਸ਼ੰਸਾ ਪ੍ਰਮਾਣ ਪੱਤਰ ਪ੍ਰਦਾਨ ਕੀਤੇ ਅਤੇ ਸਾਲ ਦੇ ਪਹਿਲੇ ਪੰਜ ਪੇਟੈਂਟ ਪ੍ਰਾਪਤ ਕਰਨ ਵਾਲੇ ਖੋਜਕਾਰਾਂ ਲਈ ਨਕਦ ਇਨਾਮਾਂ ਦਾ ਐਲਾਨ ਕੀਤਾ । ਇਸ ਦੌਰਾਨ ਪੰਜਾਬ ਯੂਨੀਵਰਸਿਟੀ ਦੇ 12 ਵਿਗਿਆਨੀਆਂ ਨੇ ਆਪਣੇ ਪੇਟੈਂਟ

ਖੋਜ  ਅਤੇ ਤਕਨਾਲੋਜੀਆਂ ਨੂੰ ਵਿਦਿਆਰਥੀਆਂ ਅਤੇ ਉਦਯੋਗ ਜਗਤ ਦੇ ਨੁਮਾਇੰਦਿਆਂ ਸਾਹਮਣੇ ਸੰਖੇਪ ਪੇਸ਼ਕਾਰੀ ਵੀ ਦਿੱਤੀ।

-------------------------------------------------------

ਮੌਸਮ ਵਿਭਾਗ ਨੇ ਅੱਜ ਤੋਂ 26 ਤਰੀਕ ਤਕ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਲਈ ORANGE ALERT ਜਾਰੀ ਕੀਤਾ ਏ. ਹਿਮਾਚਲ ਪ੍ਰਦੇਸ਼, ਜੰਮੂ, ਕਸ਼ਮੀਰ, ਲੱਦਾਖ, ਗਿਲਗਿਤ, ਬਾਲਟਿਸਤਾਨ ਅਤੇ ਮੁਜ਼ੱਫਰਾਬਾਦ ਵਿੱਚ ਵੀ ਇਸੇ ਤਰ੍ਹਾਂ ਦੇ ਹਾਲਾਤ ਰਹਿਣ ਦੀ ਉਮੀਦ ਏ। .

-------------------------------------------------------

ਮਹਿਲਾ ਕ੍ਰਿਕੇਟ ਵਿੱਚ, ਭਾਰਤ ਅਤੇ ਸ੍ਰੀਲੰਕਾ ਵਿਚਕਾਰ ਪੰਜ twenty-twenty ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਵਿਸ਼ਾਖਾਪਟਨਮ ਦੇ ਡਾ. YS ਰਾਜਸ਼ੇਖਰ ਰੈਡੀ ACA-VDCA ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਇਹ ਮੈਚ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਮੇਜ਼ਬਾਨ ਟੀਮ ਨੇ ਲੜੀ ਵਿੱਚ 1-0 ਦੀ ਲੀਡ ਬਣਾ ਲਈ ਏ। ਕਪਤਾਨ ਹਰਮਨਪ੍ਰੀਤ ਕੌਰ ਦੀ ਅਗਵਾਈ ਵਾਲੀ ਭਾਰਤੀ ਟੀਮ ਨੇ, ਪਿਛਲੇ ਐਤਵਾਰ ਵਿਸ਼ਾਖਾਪਟਨਮ ਵਿੱਚ ਖੇਡੇ ਗਏ ਪਹਿਲੇ twenty-twenty ਮੈਚ ਵਿੱਚ ਸ੍ਰੀਲੰਕਾ ਨੂੰ 8 ਵਿਕਟਾਂ ਨਾਲ ਹਰਾਇਆ।

-------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿਖੇ, ਇੱਕ ਸਮਾਰੋਹ ਵਿੱਚ ਰਾਸ਼ਟਰੀ ਵਿਗਿਆਨ ਪੁਰਸਕਾਰ-2025 ਪ੍ਰਦਾਨ ਕੀਤੇ।

- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ ।

- ਪੰਜਾਬ ਸਰਕਾਰ ਵਲੋਂ ਵਿਧਵਾ ਅਤੇ ਬੇਆਸਰਾ ਔਰਤਾਂ ਨੂੰ ਹੁਣ ਤੱਕ 895 ਕਰੋੜ ਰੁਪਏ ਤੋਂ ਵੱਧ ਦੀ ਮਦਦ ਦਿੱਤੀ ਗਈ ।

- ਕਾਨੂੰਨ ਤੇ ਵਿਵਸਥਾ ਵਾਰੇ ਵਿਸ਼ੇਸ਼ ਡੀਜੀਪੀ ਨੇ ਫਤਹਿਗੜ੍ਹ ਸਾਹਿਬ ਵਿਖੇ ਸ਼ਹੀਦੀ ਸਭਾ ਦੇ ਮੱਦੇਨਜ਼ਰ ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ ।

- ਮੌਸਮ ਵਿਭਾਗ ਵਲੋਂ ਅੱਜ ਤੋਂ 26 ਦਸੰਬਰ ਤੱਕ ਪੰਜਾਬ ਤੇ ਹਰਿਆਣਾ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦਾ ਓਰੇਂਜ਼ ਅਲਰਟ ਜਾਰੀ ।

- ਮਹਿਲਾ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਦਰਮਿਆਨ, ਪੰਜ ਟਵੈਂਟੀ-ਟਵੈਂਟੀ ਮੈਚਾਂ ਦੀ ਲੜੀ ਦਾ ਦੂਜਾ ਮੈਚ ਅੱਜ ਵਿਸ਼ਾਖਾਪਟਨਮ ਵਿੱਚ ਖੇਡਿਆ ਜਾਵੇਗਾ।

---------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**